ਪੰਜਾਬ ਸਰਕਾਰ

ਸਕੂਲ ਸਿੱਖਿਆ ਵਿਭਾਗ

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.),
ਪੰਜਾਬ ਰਾਜ।

ਮੀਮੋ ਨੰ: AD (CO) SSE-2021/ 2021308025

ਮਿਤੀ: 06-09-2021

**ਵਿਸ਼ਾ:-** **ਨੈਸ਼ਨਲ ਅਚੀਵਮੈਂਟ ਸਰਵੇ (NAS)-2021 ਸਬੰਧੀ ਸਕੂਲ ਮੁਖੀਆਂ ਦੀ ਹੋਣ ਵਾਲੀਆਂ ਮੀਟਿੰਗਾਂ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਸਮੂਹ ਜਿਲ੍ਹਾ ਸਿੱਖਿਆ ਅਫ਼ਸਰਾਂ ਦੁਆਰਾ ਹਰ ਸ਼ਨੀਵਾਰ ਆਪਣੇ-ਆਪਣੇ ਜਿਲ੍ਹੇ ਵਿੱਚ ਨੈਸ਼ਨਲ ਅਚੀਵਮੈਂਟ ਸਰਵੇ (NAS)-2021 ਸਬੰਧੀ ਸਕੂਲ ਮੁਖੀਆਂ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰਾਂ ਨਾਲ ਮੀਟਿੰਗਾਂ ਕੀਤੀਆਂ ਜਾਂਦੀਆਂ ਹਨ। ਇਹ ਆਮ ਵੇਖਣ ਵਿੱਚ ਆਇਆ ਹੈ ਕਿ ਕੁਝ ਜਿਲ੍ਹਿਆਂ ਵਿੱਚ ਸਬੰਧਤ ਸਕੂਲ ਮੁਖੀਆਂ ਦੀ ਹਾਜ਼ਰੀ ਪੂਰੀ ਨਹੀਂ ਹੁੰਦੀ। ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਸਮੂਹ ਸਕੂਲ ਮੁਖੀ ਸ਼ਨੀਵਾਰ ਨੂੰ ਜਿਲ੍ਹਾ ਸਿੱਖਿਆ ਅਫ਼ਸਰਾਂ ਦੀ ਹੋਣ ਵਾਲੀਆਂ ਇਨ੍ਹਾਂ ਮੀਟਿੰਗਾਂ ਵਿੱਚ ਸ਼ਾਮਿਲ ਹੋਣ।

3.0 ਤੀਜੀ, ਪੰਜਵੀਂ, ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੀ ਹਾਜ਼ਰੀ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਇਹ ਵੀ ਵੇਖਣ ਵਿੱਚ ਆਇਆ ਹੈ ਕਿ ਕੁਝ ਸਕੂਲਾਂ ਵਿੱਚ ਕੋਵਿਡ-19 ਦੀਆਂ ਹਦਾਇਤਾਂ ਦੇ ਮੱਦੇਨਜ਼ਰ ਇਨ੍ਹਾਂ ਜਮਾਤਾਂ ਦੇ ਵਿਦਿਆਰਥੀਆਂ ਨੂੰ ਵੀ ਪੜ੍ਹਾਈ ਤੋਂ ਛੋਟ ਦਿੱਤੀ ਗਈ ਹੈ। ਜੇਕਰ ਕਿਸੇ ਸਾਜੋ-ਸਮਾਨ (infrastructure) ਦੀ ਘਾਟ ਕਾਰਨ ਕੋਵਿਡ-19 ਦੀਆਂ ਹਦਾਇਤਾਂ ਦੀ ਪਾਲਣਾ ਕਰਨ ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਨਾਨ-ਬੋਰਡ ਅਤੇ ਨਾਨ-NAS ਜਮਾਤਾਂ ਨੂੰ ਛੋਟ ਦਿੱਤੀ ਜਾ ਸਕਦੀ ਹੈ।

ਸਕੱਤਰ ਸਕੂਲ ਸਿੱਖਿਆ

ਦਫ਼ਤਰ, ਜ਼ਿਲ੍ਹਾ ਸਿੱਖਿਆ ਅਫ਼ਸਰ ਸੈ ਸਿ ਮਾਨਸਾ
ਪੀ.ਏ. (?) 2021308327 ਮਿਤੀ 07.09.2021

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

07/09/2021

ਜ਼ਿਲ੍ਹਾ ਸਿੱਖਿਆ ਅਫ਼ਸਰ ਸੈ.ਸਿ
ਮਾਨਸਾ

Scanned with CamScanner